**ਦਫਤਰ, ਜਿਲ੍ਹਾ ਲੋਕ ਸੰਪਰਕ ਅਫਸਰ, ਕਪੂਰਥਲਾ**

ਡਿਪਟੀ ਕਮਿਸ਼ਨਰ ਘਨਸ਼ਿਆਮ ਥੋਰੀ ਵਲੋਂ ਆਈ.ਟੀ.ਸੀ. ਦਾ ਦੌਰਾ

ਕਪੂਰਥਲਾ, 3 ਮਾਰਚ
ਡਿਪਟੀ ਕਮਿਸ਼ਨਰ ਕਪੂਰਥਲਾ ਸ੍ਰੀ ਘਨਸ਼ਿਆਮ ਥੋਰੀ ਵਲੋਂ ਅੱਜ ਕਪੂਰਥਲਾ ਦੇ ਪਿੰਡ ਝੱਲ ਠੀਕਰੀਵਾਲਾ ਵਿਖੇ ਸਥਿਤ ਆਈ.ਟੀ.ਸੀ. ਦਾ ਦੌਰਾ ਕੀਤਾ ਗਿਆ।

ਡਿਪਟੀ ਕਮਿਸ਼ਨਰ ਵਲੋਂ ਫੈਕਟਰੀ ਦੇ ਵੱਖ-ਵੱਖ ਯੂਨਿਟਾਂ ਜਿਸ ਵਿਚ ਮੁੱਖ ਤੌਰ ’ਤੇ ਉਤਪਾਦਨ ਸ਼ਾਖਾ, ਪੈਕਿੰਗ ਸ਼ਾਖਾ , ਪ੍ਰਸ਼ਾਸ਼ਕੀ ਕੰਪਲੈਕਸ ਦਾ ਵੀ ਦੌਰਾ ਕੀਤਾ ਗਿਆ, ਜਿਸ ਦੌਰਾਨ ਉਨ੍ਹਾਂ ਮਸ਼ੀਨੀ ਤਰੀਕੇ ਨਾਲ ਉਤਪਾਦਾਂ ਨੂੰ ਤਿਆਰ ਕਰਕੇ ਉਨ੍ਹਾਂ ਦੀ ਪੈਕਿੰਗ ਬਾਰੇ ਜਾਣਕਾਰੀ ਪ੍ਰਾਪਤ ਕੀਤੀ।

ਉਨਾਂ ਫੈਕਟਰੀ ਪ੍ਰਬੰਧਕਾਂ ਨੂੰ ਕਿਹਾ ਕਿ ਉਹ ਨੌਜਵਾਨਾਂ ਦੇ ਹੁਨਰ ਨੂੰ ਤਰਾਸ਼ਕੇ ਸਵੈ ਰੁਜ਼ਗਾਰ ਦੇ ਕਾਬਿਲ ਬਣਾਉਣ ਲਈ ਸਿਖਲਾਈ ਪ੍ਰੋਗਰਾਮ ਦਾ ਵਿਸਥਾਰ ਵੀ ਕਰਨ ਅਤੇ ਜਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਨਾਲ ਲਗਾਤਾਰ ਰਾਬਤਾ ਕਰਕੇ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਾਪਤੀ ਵਿਚ ਸਹਾਇਤਾ ਕੀਤੀ ਜਾਵੇ।

ਇਸ ਮੌਕੇ ਫੈਕਟਰੀ ਦੇ ਮੈਨੇਜ਼ਰ ਸਚਿਨ ਪਾਲਮਵਾਰ ਤੇ ਗੌਤਮ ਸ਼ਰਮਾ ਪਲਾਂਟ ਐਚ.ਆਰ. ਮੁਖੀ ਵਲੋਂ ਡਿਪਟੀ ਕਮਿਸ਼ਨਰ ਨੂੰ ਫੈਕਟਰੀ ਦੇ ਕੰਮ ਕਾਜ ਤੇ ਉਤਪਾਦਾਂ ਬਾਰੇ ਜਾਣਕਾਰੀ ਦਿੱਤੀ। ਡਿਪਟੀ ਕਮਿਸ਼ਨਰ ਵਲੋਂ ਇਸ ਮੌਕੇ ਇਕ ਪੌਦਾ ਵੀ ਲਾਇਆ ਗਿਆ।

ਕੈਪਸ਼ਨ-ਕਪੂਰਥਲਾ ਦੇ ਪਿੰਡ ਝੱਲ ਠੀਕਰੀਵਾਲਾ ਵਿਖੇ ਆਈ.ਟੀ.ਸੀ. ਦਾ ਦੌਰਾ ਕਰਨ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਿਆਮ ਥੋਰੀ।




Visitor

